# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 08:30

**ਮਿਤੀ : 01-10-2026**

- -ਕੇਂਦਰੀ ਮੰਤਰੀ ਮੰਡਲ ਦੀ ਆਰਥਿਕ ਮਾਮਲਿਆਂ ਬਾਰੇ ਕਮੇਟੀ ਨੇ, 2027-28 ਦੇ ਮੰਡੀਕਰਨ ਸੀਜ਼ਨ ਲਈ, ਸਾਰੀਆਂ ਲਾਜ਼ਮੀ ਹਾੜੀ ਫਸਲਾਂ ਵਾਸਤੇ MSP ਵਿੱਚ ਵਾਧੇ ਨੂੰ ਮਨਜ਼ੂਰੀ ਦਿੱਤੀ ।
- -ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਅੱਜ ਤੋਂ ਸ਼ੁਰੂ - ਸਰਕਾਰ ਵਲੋਂ ਸਾਰੀਆਂ ਤਿਆਰੀਆਂ ਮੁਕੰਮਲ।
- -ਸਰਵਉੱਚ ਅਦਾਲਤ ਨੇ ਦੀਵਾਲੀ ਤੋਂ ਪਹਿਲਾਂ ਪਟਾਕਿਆਂ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਉਣ ਤੋਂ ਇਨਕਾਰ ਕੀਤਾ -ਸੰਤੁਲਿਤ ਦ੍ਰਿਸ਼ਟੀਕੋਣ ਦਾ ਸਮਰਥਨ ਕੀਤਾ ।
- -ਭਾਰਤੀ ਪਾਇਲਟ ਸਮਿਥ ਮਛਾਰ 'ਤੇ ਚਾਕੂ ਨਾਲ ਹਮਲਾ ਕਰਨ ਅਤੇ ਦੁਬਈ ਤੋਂ ਤੇਲ ਅਵੀਵ ਜਾਣ ਵਾਲੀ ਫਲਾਈ-ਦੁਬਈ ਦੀ ਉਡਾਣ ਨੂੰ ਹਾਸਦਗ੍ਰਸ੍ਤ ਕਰਵਾਉਣ ਦੀ ਕੋਸ਼ਿਸ਼ ਕਰਨ ਦੇ ਇਲਜ਼ਾਮ ਵਿੱਚ ਓਮਾਨ ਦਾ ਪਾਇਲਟ ਗ੍ਰਿਫਤਾਰ।

- -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੈਪਟਨ ਸਮਿਤ ਨੂੰ ਉਡਾਣ ਵਿੱਚ ਸਵਾਰ 174 ਲੋਕਾਂ ਦੀ ਜਾਨ ਬਚਾਉਣ ਲਈ ਇੱਕ 'ਸੱਚਾ ਹੀਰੋ' ਕਰਾਰ ਦਿਤਾ। ਅਤੇ
- -ਭਾਰਤ ਨੇ ਗੁਹਾਟੀ ਵਿੱਚ ਖੇਡੇ ਗਏ ਤਿੰਨ ਮੈਚਾਂ ਦੀ ਲੜੀ ਦੇ ਦੂਜੇ ਇੱਕ ਰੋਜ਼ਾ ਮੈਚ ਵਿੱਚ, ਸ਼ੁਭਮਨ ਗਿੱਲ ਦੀਆਂ ਨਾਬਾਦ 223 ਦੌੜਾਂ ਅਤੇ ਰੋਹਿਤ ਸ਼ਰਮਾ ਦੇ ਸੈਂਕੜੇ ਦੀ ਬਦੌਲਤ, ਵੈਸਟਇੰਡੀਜ਼ ਨੂੰ 8 ਵਿਕਟਾਂ ਨਾਲ ਹਰਾਇਆ।

-----------------------------------------------------

ਕੇਂਦਰੀ ਮੰਤਰੀ ਮੰਡਲ ਦੀ ਆਰਥਿਕ ਮਾਮਲਿਆਂ ਬਾਰੇ ਕਮੇਟੀ ਨੇ, 2027-28 ਦੇ ਮੰਡੀਕਰਨ ਸੀਜ਼ਨ ਲਈ, ਸਾਰੀਆਂ ਲਾਜ਼ਮੀ ਹਾੜੀ ਫਸਲਾਂ ਵਾਸਤੇ MSP ਵਿੱਚ ਵਾਧੇ ਨੂੰ ਮਨਜ਼ੂਰੀ ਦਿੱਤੀ। -ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਅੱਜ ਤੋਂ ਸ਼ੁਰੂ -ਸਰਕਾਰ ਵਲੋਂ ਸਾਰੀਆਂ ਤਿਆਰੀਆਂ ਮੁਕੰਮਲ। -ਸਰਵਉੱਚ ਅਦਾਲਤ ਨੇ ਦੀਵਾਲੀ ਤੋਂ ਪਹਿਲਾਂ ਪਟਾਕਿਆਂ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਉਣ ਤੋਂ ਇਨਕਾਰ ਕੀਤਾ - ਸੰਤੁਲਿਤ ਦ੍ਰਿਸ਼ਟੀਕੋਣ ਦਾ ਸਮਰਥਨ ਕੀਤਾ। -ਭਾਰਤੀ ਪਾਇਲਟ ਸਮਿਥ ਮਛਾਰ 'ਤੇ ਚਾਕੂ ਨਾਲ ਹਮਲਾ ਕਰਨ ਅਤੇ ਦੁਬਈ ਤੋਂ ਤੇਲ ਅਵੀਵ ਜਾਣ ਵਾਲੀ ਫਲਾਈ-ਦੁਬਈ ਦੀ ਉਡਾਣ ਨੂੰ ਹਾਸਦਗ੍ਰਸ੍ਤ ਕਰਵਾਉਣ ਦੀ ਕੋਸ਼ਿਸ਼ ਕਰਨ ਦੇ ਇਲਜ਼ਾਮ ਵਿੱਚ ਓਮਾਨ ਦਾ

ਪਾਇਲਟ ਗ੍ਰਿਫਤਾਰ। -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੈਪਟਨ ਸਮਿਤ ਨੂੰ ਉਡਾਣ ਵਿੱਚ ਸਵਾਰ 174 ਲੋਕਾਂ ਦੀ ਜਾਨ ਬਚਾਉਣ ਲਈ ਇੱਕ 'ਸੱਚਾ ਹੀਰੋ' ਕਰਾਰ ਦਿਤਾ । ਅਤੇ -ਭਾਰਤ ਨੇ ਗੁਹਾਟੀ ਵਿੱਚ ਖੇਡੇ ਗਏ ਤਿੰਨ ਮੈਚਾਂ ਦੀ ਲੜੀ ਦੇ ਦੂਜੇ ਇੱਕ ਰੋਜ਼ਾ ਮੈਚ ਵਿੱਚ, ਸ਼ੁਭਮਨ ਗਿੱਲ ਦੀਆਂ ਨਾਬਾਦ 223 ਦੌੜਾਂ ਅਤੇ ਰੋਹਿਤ ਸ਼ਰਮਾ ਦੇ ਸੈਂਕੜੇ ਦੀ ਬਦੌਲਤ, ਵੈਸਟਇੰਡੀਜ਼ ਨੂੰ 8 ਵਿਕਟਾਂ ਨਾਲ ਹਰਾਇਆ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸੰਘ ਲੋਕ ਸੇਵਾ ਕਮਿਸ਼ਨ -UPSC ਦੇ ਸ਼ਤਾਬਦੀ ਸਮਾਰੋਹ ਵਿੱਚ ਸ਼ਾਮਲ ਹੋਣਗੇ। ਇਸ ਮੌਕੇ ਪ੍ਰਧਾਨ ਮੰਤਰੀ ਇਕੱਠ ਨੂੰ ਵੀ ਸੰਬੋਧਨ ਕਰਨਗੇ। ਇਹ ਸਮਾਗਮ UPSC ਦੀ ਸਥਾਪਨਾ ਦੇ 100 ਸਾਲ ਪੂਰੇ ਹੋਣ ਦੇ ਮੌਕੇ 'ਤੇ ਆਯੋਜਿਤ ਕੀਤਾ ਜਾ ਰਿਹਾ ਏ । ਸ਼੍ਰੀ ਮੋਦੀ ਯੂਪੀਐਸਸੀ ਦੇ ਸ਼ਤਾਬਦੀ ਸਮਾਰੋਹਾਂ ਨੂੰ ਮਨਾਉਣ ਲਈ ਇੱਕ ਯਾਦਗਾਰੀ ਸਿੱਕਾ, ਇੱਕ ਯਾਦਗਾਰੀ ਡਾਕ ਟਿਕਟ ਅਤੇ "100 ਲੈਂਡਮਾਰਕ ਜੱਜਮੈਂਟਸ - ਸ਼ੇਪਿੰਗ ਦ ਪਾਲਿਸੀ ਆਫ਼ ਦ UPSC ਐਂਡ ਪਬਲਿਕ ਸਰਵਿਸ ਕਮਿਸ਼ਨਜ਼ ਇਨ ਇੰਡੀਆ" ਸਿਰਲੇਖ ਵਾਲੀ ਇੱਕ ਕਿਤਾਬ ਵੀ ਜਾਰੀ ਕਰਨਗੇ। ਇਹ ਸਮਾਗਮ UPSC ਵਲੋਂ ਅੱਜ ਅਤੇ ਕੱਲ੍ਹ ਆਯੋਜਿਤ ਕੀਤੇ ਜਾ ਰਹੇ ਦੋ-ਰੋਜ਼ਾ ਪ੍ਰੋਗਰਾਮ ਦਾ ਹਿੱਸਾ ਏ ।

---------------------------------------------------

ਸਰਵਉੱਚ ਅਦਾਲਤ ਨੇ ਦੀਵਾਲੀ ਤੋਂ ਪਹਿਲਾਂ ਪਟਾਕਿਆਂ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਉਣ ਤੋਂ ਇਨਕਾਰ ਕਰ ਦਿੱਤਾ ਏ ਅਤੇ ਇੱਕ ਸੰਤੁਲਿਤ ਪਹੁੰਚ ਦਾ ਸੁਝਾਅ ਦਿੱਤਾ ਏ। ਜਸਟਿਸ ਐਮ.ਐਮ. ਸੁੰਦਰੇਸ਼ ਅਤੇ ਪੀ.ਬੀ. ਵਰਾਲੇ ਦੇ ਡਿਵੀਜ਼ਨ ਬੈਂਚ ਨੇ ਸੰਕੇਤ ਦਿੱਤਾ ਕਿ ਉਹ ਦੀਵਾਲੀ ਦੌਰਾਨ ਇੱਕ ਸਮਾਂ ਹੱਦ ਦੇ ਨਾਲ ਕੁਝ ਖਾਸ ਕਿਸਮਾਂ ਦੇ ਪਟਾਕੇ ਚਲਾਉਣ ਦੀ ਇਜਾਜ਼ਤ ਦੇਣਗੇ । ਸੁਪਰੀਮ ਕੋਰਟ ਨੇ ਧਾਰਮਿਕ ਭਾਵਨਾਵਾਂ ਅਤੇ ਹਵਾ ਪ੍ਰਦੂਸ਼ਣ ਦੇ ਮਾੜੇ ਪ੍ਰਭਾਵਾਂ ਵਿਚਕਾਰ ਸੰਤੁਲਨ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਅਦਾਲਤ ਨੇ ਕਿਹਾ ਕਿ ਪਟਾਕਿਆਂ 'ਤੇ ਪੂਰੀ ਤਰ੍ਹਾਂ ਪਾਬੰਦੀ ਜਨਤਕ ਭਾਵਨਾਵਾਂ ਨੂੰ ਠੇਸ ਪਹੁੰਚਾ ਸਕਦੀ ਹੈ, ਜਦੋਂ ਕਿ ਉਨ੍ਹਾਂ ਨੂੰ ਦਿਨ ਭਰ ਚਲਾਉਣ ਦੀ ਇਜਾਜ਼ਤ ਦੇਣ ਨਾਲ ਵਾਤਾਵਰਣ ਅਤੇ ਬਜ਼ੁਰਗਾਂ ਅਤੇ ਬਿਮਾਰਾਂ ਦੀ ਸਿਹਤ 'ਤੇ ਮਾੜਾ ਪ੍ਰਭਾਵ ਪੈ ਸਕਦਾ ਏ । ਬੈਂਚ ਨੇ ਇਹ ਟਿੱਪਣੀ ਰਾਸ਼ਟਰੀ ਰਾਜਧਾਨੀ, ਦਿੱਲੀ ਅਤੇ ਆਸ ਪਾਸ ਦੇ ਖੇਤਰਾਂ ਅਤੇ ਉੱਤਰੀ ਭਾਰਤ ਦੇ ਹੋਰ ਰਾਜਾਂ ਵਿੱਚ ਹਵਾ ਪ੍ਰਦੂਸ਼ਣ ਦੇ ਸਮੇਂ ਦੌਰਾਨ ਪਟਾਕਿਆਂ 'ਤੇ ਪਾਬੰਦੀ ਨਾਲ ਸਬੰਧਤ ਇੱਕ ਬਕਾਇਆ ਮਾਮਲੇ ਦੀ ਸੁਣਵਾਈ ਦੌਰਾਨ ਕੀਤੀ।

---------------------------------------------------

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 2027-28 ਦੇ ਮੰਡੀਕਰਨ ਸੀਜ਼ਨ ਲਈ ਸਾਰੀਆਂ ਹਾੜੀ ਦੀਆਂ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ (MSP) ਵਧਾਉਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ। ਸ਼੍ਰੀ ਸੈਣੀ ਨੇ ਕਿਹਾ ਕਿ 2027-28 ਦੇ ਮੰਡੀਕਰਨ ਸੀਜ਼ਨ ਲਈ ਹਾੜੀ ਦੀਆਂ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਵਿੱਚ ਵਾਧਾ ਕੇਂਦਰੀ ਬਜਟ 2018-19 ਵਿੱਚ ਕੀਤੇ ਗਏ ਇਤਿਹਾਸਕ ਐਲਾਨ ਦੇ ਅਨੁਸਾਰ ਹੈ, ਜਿਸ ਵਿੱਚ ਐਮਐਸਪੀ ਨੂੰ ਕੁੱਲ ਭਾਰਤ ਦੀ ਔਸਤ ਉਤਪਾਦਨ ਲਾਗਤ ਦਾ ਘੱਟੋ-ਘੱਟ ਡੇਢ ਗੁਣਾ ਨਿਰਧਾਰਤ ਕਰਨ ਦਾ ਫੈਸਲਾ ਕੀਤਾ ਗਿਆ ਸੀ। ਮੁੱਖ ਮੰਤਰੀ ਨੇ ਕਿਹਾ ਕਿ ਉਤਪਾਦਨ ਲਾਗਤ ਤੋਂ ਵੱਧ ਇਹ ਫਰਕ ਕਿਸਾਨਾਂ ਦੀ ਭਲਾਈ ਪ੍ਰਤੀ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ।

---------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਅੱਜ ਨਵੀਂ ਦਿੱਲੀ ਵਿੱਚ ਰੱਖਿਆ ਲੇਖਾ ਵਿਭਾਗ-DAD ਦੇ 279ਵੇਂ ਸਾਲਾਨਾ ਦਿਵਸ ਵਿੱਚ ਸ਼ਾਮਲ ਹੋਣਗੇ। ਇਸ ਮੌਕੇ 'ਤੇ, ਰੱਖਿਆ ਮੰਤਰੀ ਡੀ.ਏ.ਡੀ ਦੀਆਂ ਵੱਖ-ਵੱਖ ਆਈ.ਟੀ ਪਹਿਲਕਦਮੀਆਂ ਦੀ ਸ਼ੁਰੂਆਤ ਕਰਨ ਵਾਲੇ ਹਨ। ਇਨ੍ਹਾਂ ਵਿੱਚ ਵਿਭਾਗ ਦੇ 'ਸਕਸ਼ਮ ਪਲੇਟਫਾਰਮ' ਨਾਲ ਭਾਰਤੀ ਫੌਜ ਵਿੱਤੀ

ਸੂਚਨਾ ਪ੍ਰਣਾਲੀ ਦਾ ਏਕੀਕਰਨ, ਰੱਖਿਆ ਮੰਤਰਾਲੇ ਲਈ ਸੁਧਾਰਿਆ ਗਿਆ ਰਾਸ਼ਟਰੀ ਸੰਗ੍ਰਹਿ ਪ੍ਰਣਾਲੀ ਅਤੇ ਰੱਖਿਆ ਮੰਤਰਾਲੇ ਵਿੱਚ ਖਜ਼ਾਨਾ-ਸਿੰਗਲ ਖਾਤਾ ਅਦਾਇਗੀ ਸ਼ੁਰੂ ਕਰਨ ਲਈ ਅਦਾਇਗੀ ਰੂਟਿੰਗ ਅਤੇ ਏਕੀਕ੍ਰਿਤ ਸਿਸਟਮ ਪ੍ਰਬੰਧਨ ਮੰਚ ਸ਼ਾਮਲ ਨੇ ।

-------------------------------------------------------

ਕੱਪੜਾ ਖੇਤਰ ਵਿੱਚ ਉੱਭਰ ਰਹੀਆਂ ਤਕਨਾਲੋਜੀਆਂ ਬਾਰੇ ਚਰਚਾ ਕਰਨ ਲਈ ਅੱਜ ਨਵੀਂ ਦਿੱਲੀ ਵਿੱਚ ਇੱਕ ਕੱਪੜਾ ਕਾਨਫਰੰਸ ਆਯੋਜਿਤ ਕੀਤੀ ਜਾ ਰਹੀ ਏ । ਕੇਂਦਰੀ ਕੱਪੜਾ ਮੰਤਰੀ ਗਿਰੀਰਾਜ ਸਿੰਘ ਇਸ ਕਾਨਫਰੰਸ ਦਾ ਉਦਘਾਟਨ ਕਰਨਗੇ। ਲਘੂ ਉਦਯੋਗ ਭਾਰਤੀ ਦੇ ਰਾਸ਼ਟਰੀ ਜਨਰਲ ਸਕੱਤਰ ਓਮ ਪ੍ਰਕਾਸ਼ ਗੁਪਤਾ ਨੇ ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਵਿੱਚ ਕਿਹਾ ਕਿ ਇਹ ਕਾਨਫਰੰਸ ਦੇਸ਼ ਭਰ ਵਿੱਚ ਕੱਪੜਾ ਸੈਕਟਰ ਵਿੱਚ ਸ਼ਾਮਲ 400 ਸੂਖਮ ਅਤੇ ਛੋਟੇ ਉਦਯੋਗਾਂ ਨੂੰ ਇਕੱਠਾ ਕਰੇਗੀ। ਉਨ੍ਹਾਂ ਕਿਹਾ ਕਿ ਵੱਖ-ਵੱਖ ਦੇਸ਼ਾਂ ਨਾਲ ਮੁਕਤ ਵਪਾਰ ਸਮਝੌਤਿਆਂ ਤੋਂ ਇਸ ਸੈਕਟਰ ਵਿੱਚ ਨਵੇਂ ਮੌਕੇ ਖੁੱਲ੍ਹਣ ਦੀ ਉਮੀਦ ਏ । ਭਾਗੀਦਾਰਾਂ ਨੂੰ ਕੱਪੜਾ ਸੈਕਟਰ ਨਾਲ ਸਬੰਧਤ ਸਰਕਾਰ ਦੀਆਂ ਨੀਤੀਆਂ ਅਤੇ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਸ੍ਰੀ ਗੁਪਤਾ ਨੇ ਦੱਸਿਆ ਕਿ ਕੱਪੜਾ ਉਦਯੋਗ ਦੇਸ਼ ਭਰ ਵਿੱਚ ਲਗਭਗ 45 ਲੱਖ ਲੋਕਾਂ ਨੂੰ ਰੁਜ਼ਗਾਰ ਦਿੰਦਾ ਏ ।

--------------------------------------------------

ਵਣਜ ਅਤੇ ਉਦਯੋਗ ਮੰਤਰੀ ਪਿਊਸ਼ ਗੋਇਲ ਨੇ G-20 ਵਪਾਰ ਮੰਤਰੀਆਂ ਦੀ ਮੀਟਿੰਗ ਤੋਂ ਇਲਾਵਾ ਪੋਲੈਂਡ ਦੇ ਵਿੱਤ ਅਤੇ ਅਰਥ-ਵਿਵਸਥਾ ਮੰਤਰੀ ਆਂਦਰੇਜ਼ ਡੋਮਾਂਸਕੀ ਨਾਲ ਮੁਲਾਕਾਤ ਕੀਤੀ। ਸ਼੍ਰੀ ਗੋਇਲ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਉਨ੍ਹਾਂ ਨੇ ਵਪਾਰ ਅਤੇ ਨਿਵੇਸ਼ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਨਵੇਂ ਉਪਾਵਾਂ 'ਤੇ ਚਰਚਾ ਕੀਤੀ। ਦੋਵਾਂ ਮੰਤਰੀਆਂ ਨੇ ਭਾਰਤ-ਯੂਰਪੀਅਨ ਯੂਨੀਅਨ ਮੁਕਤ ਵਪਾਰ ਸਮਝੌਤੇ (FTA), ਕਾਰੋਬਾਰਾਂ ਲਈ ਨਵੇਂ ਮੌਕੇ ਪੈਦਾ ਕਰਨ ਦੇ ਉਪਾਵਾਂ ਅਤੇ ਭਾਰਤ ਅਤੇ ਪੋਲੈਂਡ ਵਿਚਕਾਰ ਆਰਥਿਕ ਸਹਿਯੋਗ ਨੂੰ ਡੂੰਘਾ ਕਰਨ 'ਤੇ ਵੀ ਚਰਚਾ ਕੀਤੀ।

--------------------------------------------------

ਕੇਂਦਰੀ ਮੰਤਰੀ ਮੰਡਲ ਦੀ ਆਰਥਿਕ ਮਾਮਲਿਆਂ ਬਾਰੇ ਕਮੇਟੀ ਨੇ ਅੱਜ 2027-28 ਦੇ ਮੰਡੀਕਰਨ ਸੀਜ਼ਨ ਲਈ ਸਾਰੀਆਂ ਲਾਜ਼ਮੀ ਹਾੜ੍ਹੀ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ-MSP ਵਿੱਚ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਏ । ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕੇਂਦਰੀ ਮੰਤਰੀ ਮੰਡਲ ਤੋਂ ਬਾਅਦ ਨਵੀਂ ਦਿੱਲੀ ਵਿੱਚ ਕਿਹਾ ਕਿ ਇਹ ਫੈਸਲਾ ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਦਾ ਲਾਹੇਵੰਦ ਮੁੱਲ ਪ੍ਰਾਪਤ ਕਰਨ ਨੂੰ ਯਕੀਨੀ ਬਣਾਉਣ ਲਈ ਲਿਆ ਗਿਆ ਏ ।

ਕੇਸਰ ਲਈ MSP ਵਿੱਚ ਸਭ ਤੋਂ ਵੱਧ 675 ਰੁਪਏ ਪ੍ਰਤੀ ਕੁਇੰਟਲ ਵਾਧਾ ਕੀਤਾ ਗਿਆ ਏ ।

BYTE:RNU011026

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ ਦੇਸ਼ ਭਰ ਦੇ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਉਨ੍ਹਾਂ ਦੇ ਹਿੱਤਾਂ ਦੀ ਰੱਖਿਆ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਸਰਕਾਰ ਨੇ 2027-28 ਦੇ ਮਾਰਕੀਟਿੰਗ ਸੀਜ਼ਨ ਲਈ ਹਾੜ੍ਹੀ ਦੀਆਂ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਵਿੱਚ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਏ । ਉਨ੍ਹਾਂ ਕਿਹਾ ਕਿ ਇਹ ਫੈਸਲਾ ਇਹ ਯਕੀਨੀ ਬਣਾਏਗਾ ਕਿ ਦੇਸ਼ ਭਰ ਦੇ ਲੱਖਾਂ ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਦਾ ਉਚਿਤ ਮੁੱਲ ਮਿਲੇ। ਪ੍ਰਧਾਨ ਮੰਤਰੀ ਨੇ 'ਗ੍ਰੀਨ ਐਨਰਜੀ ਕੋਰੀਡੋਰ ਫੇਜ਼-III' 'ਤੇ ਕੈਬਨਿਟ ਦੇ ਫੈਸਲੇ ਦਾ ਸਵਾਗਤ ਕੀਤਾ ਏ ।

-----------------------------------------------------

ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਅੱਜ ਪਹਿਲੀ ਅਕਤੂਬਰ ਤੋਂ ਸ਼ੁਰੂ ਹੋ ਰਹੀ ਏ । ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਇਸ ਖ਼ਰੀਦ ਲਈ ਸਰਕਾਰ ਨੇ ਸਾਰੀਆਂ ਤਿਆਰੀਆਂ ਕਰ ਲਈਆਂ ਨੇ । ਉਨ੍ਹਾਂ ਦੱਸਿਆ ਕਿ ਪੰਜਾਬ ਇਸ ਵਾਰ

ਕੇਂਦਰੀ ਪੂਲ ਲਈ 180 ਲੱਖ ਮੀਟ੍ਰਿਕ ਟਨ ਖ਼ਰੀਦ ਕਰੇਗਾ।
BYTE:RNU011026
ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਫ਼ਸਲ ਨੂੰ ਮੰਡੀਆਂ ਵਿੱਚ ਲਿਆਉਣ ਤੋਂ ਪਹਿਲਾਂ ਚੰਗੀ ਤਰ੍ਹਾਂ ਸੁਕਾ ਲੈਣ ਤਾਂ ਜੋ ਉਨ੍ਹਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਸੇ ਦੌਰਾਨ ਪੰਜਾਬ ਸਰਕਾਰ ਵੱਲੋਂ ਬਾਹਰਲੇ ਸੂਬਿਆਂ ਤੋਂ ਆਉਣ ਵਾਲੇ ਝੋਨੇ ਅਤੇ ਬੋਗਸ ਖ਼ਰੀਦ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਲਈ ਇਸ ਵਾਰ ਝੋਨੇ ਦੀ ਖ਼ਰੀਦ ਦੌਰਾਨ ਹਰੇਕ ਢੇਰੀ ਦੀ ਫੋਟੋਗ੍ਰਾਫੀ ਕਰਨਾ ਲਾਜ਼ਮੀ ਕੀਤਾ ਗਿਆ ਏ । ਜਲੰਧਰ ਦੇ ਜ਼ਿਲ੍ਹਾ ਮੈਜਿਸਟ੍ਰੇਟ ਵਰਜੀਤ ਵਾਲੀਆ ਨੇ ਵੀ ਜ਼ਿਲ੍ਹੇ ਵਿੱਚ ਝੋਨੇ ਦੀ ਖ਼ਰੀਦ ਦੌਰਾਨ ਹਰੇਕ ਢੇਰੀ ਦੀ ਜੀਓ ਟੈਗਡ ਫੋਟੋਗ੍ਰਾਫੀ ਕਰਨ ਦੇ ਹੁਕਮ ਜਾਰੀ ਕੀਤੇ ਨੇ ।

---------------------------------------------------------

ਦੁਬਈ ਤੋਂ ਇਜ਼ਰਾਈਲ ਦੇ ਤੇਲ ਅਵੀਵ  ਜਾ ਰਹੀ ਫਲਾਈਦੁਬਈ ਦੀ ਇੱਕ ਉਡਾਣ ਦੇ ਸਹਿ-ਪਾਇਲਟ ਨੂੰ ਕੈਪਟਨ 'ਤੇ ਚਾਕੂ ਨਾਲ ਹਮਲਾ ਕਰਨ ਦੀ ਕੋਸ਼ਿਸ਼ ਕਰਨ ਦੇ ਇਲਜ਼ਾਮ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਏ । ਇਸ ਹਮਲੇ ਕਾਰਨ ਜਹਾਜ਼ ਦੋ ਮਿੰਟਾਂ ਤੋਂ ਵੀ ਘੱਟ ਸਮੇਂ ਵਿੱਚ ਲਗਭਗ 17,400 ਫੁੱਟ ਹੇਠਾਂ ਉਤਰ ਗਿਆ। ਹਾਲਾਂਕਿ, ਅਮਲੇ ਸਮੇਤ ਮੁਸਾਫ਼ਰਾਂ  ਅਤੇ ਚਾਲਕ ਦਲ ਦੇ ਮੈਂਬਰਾਂ ਨੇ ਕਾਕਪਿਟ ਵਿੱਚ ਦਾਖਲ

ਹੋਕੇ ਹਮਲਾਵਰ ਨੂੰ ਕਾਬੂ ਕੀਤਾ, ਅਤੇ ਜਹਾਜ਼ ਨੂੰ ਸਥਿਰ ਕਰਨ ਵਿੱਚ ਮਦਦ ਕੀਤੀ। ਇਸ ਤੋਂ ਬਾਅਦ ਉਡਾਣ ਨੂੰ ਮੋੜ ਦਿੱਤਾ ਗਿਆ ਅਤੇ ਉੱਤਰ-ਪੱਛਮੀ ਸਾਊਦੀ ਅਰਬ ਦੇ ਤਾਬੂਕ ਖੇਤਰੀ ਹਵਾਈ ਅੱਡੇ 'ਤੇ ਸੁਰੱਖਿਅਤ ਉਤਾਰਿਆ ਗਿਆ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਅਤੇ ਰੱਖਿਆ ਮੰਤਰੀ ਇਜ਼ਰਾਈਲ ਕਾਟਜ਼ ਨੇ ਇਸ ਨੂੰ ਇੱਕ ਗੰਭੀਰ ਘਟਨਾ ਅਤੇ ਸ਼ੱਕੀ ਦਹਸ਼ਤਗਰਦੀ ਹਮਲਾ ਦੱਸਿਆ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇ ਭਾਰਤੀ ਨਾਗਰਿਕ ਕੈਪਟਨ ਸਮਿਤ ਮਛਾਰ ਨੂੰ ਇਜ਼ਰਾਈਲੀ ਉਡਾਣ ਵਿੱਚ ਸਵਾਰ 174 ਲੋਕਾਂ ਦੀ ਜਾਨ ਬਚਾਉਣ ਲਈ ਇੱਕ ਸੱਚਾ ਹੀਰੋ ਕਰਾਰ ਦਿਤਾ । ਸ਼੍ਰੀ ਨੇਤਨਯਾਹੂ ਨੇ ਕਿਹਾ ਕਿ ਕੈਪਟਨ ਸਮਿਤ ਮਛਾਰ ਨੇ ਪਲਟਵਾਰ ਕਰਦਿਆਂ ਇੱਕ ਭਿਆਨਕ ਹਵਾਈ ਹਾਦਸੇ ਨੂੰ ਟਾਲਦੇ ਹੋਏ ਬੇਮਿਸਾਲ ਬਹਾਦਰੀ ਦਿਖਾਈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਸਭ ਤੋਂ ਵੱਡੇ ਖ਼ਤਰੇ ਦਾ ਸਾਹਮਣਾ ਕਰਨ ਅਤੇ ਗੰਭੀਰ ਜ਼ਖਮੀ ਹੋਣ ਦੇ ਬਾਵਜੂਦ, ਕੈਪਟਨ ਸਮਿਤ ਮਛਾਰ ਨੇ ਦੂਜਿਆਂ ਦੀਆਂ ਜਾਨਾਂ ਦੀ ਰੱਖਿਆ ਲਈ ਅਟੱਲ ਹਿੰਮਤ ਅਤੇ ਦ੍ਰਿੜ ਸੰਕਲਪ ਦਿਖਾਇਆ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਬਹਾਦਰੀ ਨੇ ਸੈਂਕੜੇ ਜਾਨਾਂ ਬਚਾਈਆਂ ਅਤੇ ਇੱਕ ਵੱਡੇ ਦੁਖਾਂਤ ਨੂੰ ਟਾਲਣ ਵਿੱਚ ਮਦਦ ਕੀਤੀ। ਉਨ੍ਹਾਂ ਕਿਹਾ ਕਿ ਕੈਪਟਨ

ਸਮਿਤ ਇੱਕ ਜਾਂਬਾਜ਼ ਹੀਰੋ ਨੇ ਅਤੇ ਭਾਰਤ ਨੂੰ ਉਨ੍ਹਾਂ 'ਤੇ ਮਾਣ ਏ । ਪ੍ਰਧਾਨ ਮੰਤਰੀ ਨੇ ਉਨ੍ਹਾਂ ਦੀ ਜਲਦੀ ਸਿਹਤਯਾਬੀ, ਨਵੀਂ ਤਾਕਤ ਅਤੇ ਚੰਗੀ ਸਿਹਤ ਲਈ ਪ੍ਰਾਰਥਨਾ ਕੀਤੀ। ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵੀ ਕੈਪਟਨ ਮਾਛਰ ਨੂੰ ਹੀਰੋ ਕਿਹਾ। ਕੈਪਟਨ ਸਮਿਤ ਮਛਾਰ ਨੇ ਸਹਿ-ਪਾਇਲਟ ਦੇ ਚਾਕੂ ਹਮਲੇ ਨੂੰ ਰੋਕਿਆ, ਕਾਕਪਿਟ ਦਾ ਦਰਵਾਜ਼ਾ ਖੋਲ੍ਹਿਆ ਅਤੇ ਮਦਦ ਲਈ ਅਮਲੇ ਬੁਲਾਇਆ, ਜਹਾਜ਼ ਨੂੰ ਕਰੈਸ਼ ਕਰਨ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ। ਰਿਆਧ ਵਿੱਚ ਭਾਰਤੀ ਦੂਤਾਘਰ  ਅਤੇ ਜੇਦਾਹ ਵਿੱਚ ਕੌਂਸਲੇਟ ਜਨਰਲ ਨੇ ਕਿਹਾ ਕਿ ਉਹ ਕੈਪਟਨ ਸਮਿਤ ਦੀ ਸਿਹਤ 'ਤੇ ਨੇੜਿਓਂ ਨਜ਼ਰ ਰੱਖ ਰਹੇ ਹਨ। ਸਮਿਤ ਇਸ ਸਮੇਂ ਤਾਬੂਕ ਦੇ ਇੱਕ ਹਸਪਤਾਲ ਵਿੱਚ ਦਾਖਲ ਏ  ਅਤੇ ਉਨ੍ਹਾਂ ਇਲਾਜ ਚੱਲ ਰਿਹਾ ਏ । ਦੂਤਾਘਰ  ਨੇ ਕਿਹਾ ਕਿ ਸ਼ੁਰੂਆਤੀ ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਉਨ੍ਹਾਂ ਹਾਲਤ ਸਥਿਰ ਏ । ਭਾਰਤੀ ਦੂਤਾਘਰ ਨੇ ਕਿਹਾ ਕਿ ਉਹ ਕੈਪਟਨ ਦੇ ਪਰਿਵਾਰ ਦੇ ਸੰਪਰਕ ਵਿੱਚ ਏ ਅਤੇ ਸਾਊਦੀ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਿਹਾ ਏ ।

---------------------------------------------------

ਰੂਸ ਨੇ ਕੱਲ੍ਹ ਯੂਕਰੇਨ ਦੇ ਊਰਜਾ ਗਰਿੱਡ ਨੂੰ ਨਿਸ਼ਾਨਾ ਬਣਾਉਂਦੇ ਹੋਏ ਇੱਕ ਵਿਸ਼ਾਲ ਹਵਾਈ ਮੁਹਿੰਮ ਸ਼ੁਰੂ ਕੀਤੀ। ਰਾਜਧਾਨੀ ਕੀਵ ਅਤੇ ਕਈ

ਹੋਰ ਖੇਤਰਾਂ ਵਿੱਚ ਬਿਜਲੀ ਸਹੂਲਤਾਂ ਅਤੇ ਮਹੱਤਵਪੂਰਨ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਇਆ ਗਿਆ। ਇਸਨੂੰ ਕਈ ਮਹੀਨਿਆਂ ਵਿੱਚ ਯੂਕਰੇਨ ਦੇ ਊਰਜਾ ਬੁਨਿਆਦੀ ਢਾਂਚੇ 'ਤੇ ਸਭ ਤੋਂ ਵੱਡਾ ਸੰਯੁਕਤ ਹਮਲਾ ਦੱਸਿਆ ਜਾ ਰਿਹਾ ਏ । ਯੂਕਰੇਨ ਦੇ ਅਧਿਕਾਰੀਆਂ ਦੇ ਅਨੁਸਾਰ, ਇਨ੍ਹਾਂ ਰੂਸੀ ਹਮਲਿਆਂ ਵਿੱਚ ਸੱਤ ਲੋਕ ਮਾਰੇ ਗਏ। ਯੂਕਰੇਨ ਦੇ ਸਰਕਾਰੀ ਮਾਲਕੀ ਵਾਲੇ ਪਾਵਰ ਗਰਿੱਡ ਆਪਰੇਟਰ, ਯੂਕਰੇਨੇ-ਰਗੋ ਨੇ ਕਿਹਾ ਕਿ ਕੀਵ ਅਤੇ ਆਲੇ ਦੁਆਲੇ ਦੇ ਤਿੰਨ ਖੇਤਰਾਂ ਵਿੱਚ ਐਮਰਜੈਂਸੀ ਬਿਜਲੀ ਕੱਟ ਲਗਾਏ ਗਏ ਹਨ। ਇਸ ਤੋਂ ਪਹਿਲਾਂ ਰੂਸੀ ਹਮਲਿਆਂ ਨੇ ਯੂਕਰੇਨ ਦੇ ਬਿਜਲੀ ਅਤੇ ਹੀਟਿੰਗ ਸਿਸਟਮ ਨੂੰ ਕਾਫ਼ੀ ਨੁਕਸਾਨ ਪਹੁੰਚਾਇਆ ਸੀ। ਇਸ ਸਮੇਂ ਦੌਰਾਨ, ਘੱਟ ਤਾਪਮਾਨ ਵਿਚਕਾਰ ਲੰਬੇ ਸਮੇਂ ਤੱਕ ਬਿਜਲੀ ਬੰਦ ਰਹਿਣ ਅਤੇ ਹੋਰ ਜ਼ਰੂਰੀ ਸੇਵਾਵਾਂ ਕਾਰਨ ਲੱਖਾਂ ਯੂਕਰੇਨ ਨਾਗਰਿਕਾਂ ਨੂੰ ਮੁਸ਼ਕਲ ਹਾਲਾਤ ਦਾ ਸਾਹਮਣਾ ਕਰਨਾ ਪਿਆ।

-----------------------------------------------------------

ਜਾਪਾਨ ਵਿੱਚ ਚੱਲ ਰਹੀਆਂ ਏਸ਼ੀਆਈ ਖੇਡਾਂ ਦੇ ਸੈਮੀ-ਫਾਈਨਲ ਵਿੱਚ ਮਰਦਾਂ ਦੀ ਭਾਰਤੀ ਹਾਕੀ ਟੀਮ ਦਾ ਮੁਕਾਬਲਾ ਆਪਣੇ ਰਵਾਇਤੀ ਵਿਰੋਧੀ ਪਾਕਿਸਤਾਨ ਨਾਲ ਹੋਵੇਗਾ ।

ਇਸ ਦੌਰਾਨ, ਭਾਰਤੀ ਮਹਿਲਾ ਹਾਕੀ ਟੀਮ ਪਹਿਲਾਂ ਹੀ ਚੀਨ ਖਿਲਾਫ ਸੋਨੇ ਦੇ ਤਗਮੇ ਦੇ ਮੈਚ ਲਈ ਕੁਆਲੀਫਾਈ ਕਰ ਚੁੱਕੀ ਏ । ਸ਼੍ਰੇਅਸ ਅਈਅਰ ਦੀ ਅਗਵਾਈ ਵਾਲੀ ਭਾਰਤੀ ਟੀਮ ਕ੍ਰਿਕਟ ਦਾ ਸਾਹਮਣਾ ਸੈਮੀਫਾਈਨਲ ਵਿੱਚ ਸ਼੍ਰੀਲੰਕਾ ਨਾਲ ਹੋਵੇਗਾ । ਭਾਰਤੀ ਖਿਡਾਰੀ ਸ਼ੂਟਿੰਗ, ਜੂਡੋ, ਵਾਲੀਬਾਲ, ਸਾਈਕਲਿੰਗ, ਗੋਲਫ, ਕੈਨੋਇੰਗ, ਤਾਈਕਵਾਂਡੋ, ਟੈਨਿਸ, ਕਿੱਕ ਵਾਲੀਬਾਲ, ਰਗਬੀ ਸੈਵਨ ਅਤੇ ਸਪੋਰਟ ਕਲਾਈ-ਬਿੰਗ ਵਰਗੇ ਮੁਕਾਬਲਿਆਂ ਵਿੱਚ ਵੀ ਹਿੱਸਾ ਲੈਣਗੇ।

-------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਭਰੋਸਾ ਦਿੱਤਾ ਏ ਕਿ 2029 ਦੇ ਅਖੀਰ ਤੱਕ ਪੰਜਾਬ ਨੂੰ ਨਸ਼ਾ ਮੁਕਤ ਕਰ ਦਿੱਤਾ ਜਾਵੇਗਾ। ਕੱਲ ਜਲੰਧਰ ਵਿਖੇ 'ਨਸ਼ਾ ਮੁਕਤ ਪੰਜਾਬ ਰੈਲੀ' ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਲੋਕਾਂ ਨੂੰ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ BJP ਨੂੰ ਵੋਟ ਪਾਉਣ ਦੀ ਅਪੀਲ । ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਬਹੁਤ ਸਾਰੀਆਂ ਸਮੱਸਿਆਵਾਂ ਨੇ ਭਾਵੇਂ ਉਹ ਕਿਸਾਨਾਂ, ਉਦਯੋਗਾਂ, ਕਾਨੂੰਨ ਵਿਵਸਥਾ ਜਾਂ ਔਰਤਾਂ ਦੀ ਸੁਰੱਖਿਆ ਨਾਲ ਸਬੰਧਤ ਹੋਣ, ਪਰ ਪਾਰਟੀ ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਸੂਬੇ ਨੂੰ ਨਸ਼ਿਆਂ ਦੇ ਖ਼ਤਰੇ ਤੋਂ ਮੁਕਤ ਕਰਨ ਦੇ ਮੁੱਦੇ 'ਤੇ ਲੜੇਗੀ। ਉਨ੍ਹਾਂ

ਵਾਅਦਾ ਕੀਤਾ ਕਿ 2029 ਦੇ ਅਖੀਰ ਤੱਕ ਸੂਬੇ ਵਿੱਚ ਇੱਕ ਵੀ 'ਚਿੱਟਾ' ਤਸਕਰ ਨਹੀਂ ਬਚੇਗਾ। BYTE:RNU011026 BJP ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਪਾਰਟੀ ਦੇ ਕਈ ਹੋਰ ਸੀਨੀਅਰ ਆਗੂ ਇਸ ਮੌਕੇ 'ਤੇ ਮੌਜੂਦ ਸਨ। ਉਨ੍ਹਾਂ ਮੌਜੂਦਾ ਆਮ ਆਦਮੀ ਪਾਰਟੀ ' ਸਰਕਾਰ ਨੂੰ ਕਾਨੂੰਨ ਵਿਵਸਥਾ ਦੀ ਵਿਗੜਦੀ ਸਥਿਤੀ, ਭ੍ਰਿਸ਼ਟਾਚਾਰ ਅਤੇ ਨਸ਼ਿਆਂ ਦੇ ਖਤਰੇ ਵਿੱਚ ਵਾਧੇ ਲਈ ਜ਼ਿੰਮੇਵਾਰ ਠਹਿਰਾਇਆ।

---------------------------------------------------------------

ਭਾਰਤ ਨੇ ਬੀਤੀ ਰਾਤ ਗੁਹਾਟੀ ਵਿੱਚ ਖੇਡੇ ਗਏ ਤਿੰਨ ਮੈਚਾਂ ਦੀ ਲੜੀ ਦੇ ਦੂਜੇ ਇੱਕ ਰੋਜ਼ਾ ਮੈਚ ਵਿੱਚ ਵੈਸਟ ਇੰਡੀਜ਼ ਨੂੰ ਅੱਠ ਵਿਕਟਾਂ ਨਾਲ ਹਰਾਇਆ।

ਇਸ ਦੇ ਨਾਲ, ਭਾਰਤ ਨੇ ਲੜੀ ਵਿੱਚ 2-0 ਦੀ ਅਜੇਤੂ ਬੜ੍ਹਤ ਬਣਾ ਲਈ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਵੈਸਟ ਇੰਡੀਜ਼ ਨੇ ਜੌਨ ਕੈਂਪਬੈਲ, ਸ਼ਾਈ ਹੋਪ ਅਤੇ ਆਮਿਰ ਜਾਂਗੂ ਦੇ ਸੈਂਕੜਿਆਂ ਦੀ ਬਦੌਲਤ ਸੱਤ ਵਿਕਟਾਂ 'ਤੇ 405 ਦੌੜਾਂ ਬਣਾਈਆਂ। ਇਹ ਵੈਸਟ ਇੰਡੀਜ਼ ਦਾ ਇੱਕ ਰੋਜ਼ਾ ਕ੍ਰਿਕਟ ਵਿੱਚ ਸਭ ਤੋਂ ਵੱਧ ਸਕੋਰ ਏ । ਭਾਰਤ ਨੇ ਕਪਤਾਨ ਸ਼ੁਭਮਨ ਗਿੱਲ ਦੀਆਂ ਨਾਬਾਦ 223 ਦੌੜਾਂ ਅਤੇ ਰੋਹਿਤ ਸ਼ਰਮਾ ਦੇ ਸੈਂਕੜੇ ਦੀ ਬਦੌਲਤ 44ਵੇਂ ਓਵਰ ਵਿੱਚ ਟੀਚਾ

ਪ੍ਰਾਪਤ ਕਰ ਲਿਆ। ਸ਼ੁਭਮਨ ਗਿੱਲ ਨੂੰ 'ਪਲੇਅਰ ਆਫ਼ ਦ ਮੈਚ' ਚੁਣਿਆ ਗਿਆ। ਸੀਰੀਜ਼ ਦਾ ਤੀਜਾ ਅਤੇ ਆਖਰੀ ਮੈਚ ਸ਼ਨੀਚਰਵਾਰ ਨੂੰ ਨਿਊ ਚੰਡੀਗੜ੍ਹ ਵਿੱਚ ਖੇਡਿਆ ਜਾਵੇਗਾ।

---------------------------------------------------

- -ਕੇਂਦਰੀ ਮੰਤਰੀ ਮੰਡਲ ਦੀ ਆਰਥਿਕ ਮਾਮਲਿਆਂ ਬਾਰੇ ਕਮੇਟੀ ਨੇ, 2027-28 ਦੇ ਮੰਡੀਕਰਨ ਸੀਜ਼ਨ ਲਈ, ਸਾਰੀਆਂ ਲਾਜ਼ਮੀ ਹਾੜੀ ਫਸਲਾਂ ਵਾਸਤੇ MSP ਵਿੱਚ ਵਾਧੇ ਨੂੰ ਮਨਜ਼ੂਰੀ ਦਿੱਤੀ।
- -ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਅੱਜ ਤੋਂ ਸ਼ੁਰੂ -ਸਰਕਾਰ ਵਲੋਂ ਸਾਰੀਆਂ ਤਿਆਰੀਆਂ ਮੁਕੰਮਲ।
- -ਸਰਵਉੱਚ ਅਦਾਲਤ ਨੇ ਦੀਵਾਲੀ ਤੋਂ ਪਹਿਲਾਂ ਪਟਾਕਿਆਂ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਉਣ ਤੋਂ ਇਨਕਾਰ ਕੀਤਾ -ਸੰਤੁਲਿਤ ਦ੍ਰਿਸ਼ਟੀਕੋਣ ਦਾ ਸਮਰਥਨ ਕੀਤਾ।
- -ਭਾਰਤੀ ਪਾਇਲਟ ਸਮਿਤ ਮਛਾਰ 'ਤੇ ਚਾਕੂ ਨਾਲ ਹਮਲਾ ਕਰਨ ਅਤੇ ਦੁਬਈ ਤੋਂ ਤੇਲ ਅਵੀਵ ਜਾਣ ਵਾਲੀ ਫਲਾਈ-ਦੁਬਈ ਦੀ ਉਡਾਣ ਨੂੰ ਹਾਸਦਗ੍ਰਸ੍ਤ ਕਰਵਾਉਣ ਦੀ ਕੋਸ਼ਿਸ਼ ਕਰਨ ਦੇ ਇਲਜ਼ਾਮ ਵਿੱਚ ਓਮਾਨ ਦਾ ਪਾਇਲਟ ਗ੍ਰਿਫਤਾਰ।

- -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੈਪਟਨ ਸਮਿਤ ਨੂੰ ਉਡਾਣ ਵਿੱਚ ਸਵਾਰ 174 ਲੋਕਾਂ ਦੀ ਜਾਨ ਬਚਾਉਣ ਲਈ ਇੱਕ 'ਸੱਚਾ ਹੀਰੋ' ਕਰਾਰ ਦਿਤਾ।
- -ਭਾਰਤ ਨੇ ਗੁਹਾਟੀ ਵਿੱਚ ਖੇਡੇ ਗਏ ਤਿੰਨ ਮੈਚਾਂ ਦੀ ਲੜੀ ਦੇ ਦੂਜੇ ਇੱਕ ਰੋਜ਼ਾ ਮੈਚ ਵਿੱਚ, ਸ਼ੁਭਮਨ ਗਿੱਲ ਦੀਆਂ ਨਾਬਾਦ 223 ਦੌੜਾਂ ਅਤੇ ਰੋਹਿਤ ਸ਼ਰਮਾ ਦੇ ਸੈਂਕੜੇ ਦੀ ਬਦੌਲਤ, ਵੈਸਟਇੰਡੀਜ਼ ਨੂੰ 8 ਵਿਕਟਾਂ ਨਾਲ ਹਰਾਇਆ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 1.10 ਨਮਸਕਾਰ**